ਪੰਜਾਬ ਸਰਕਾਰ

ਸਥਾਨਕ ਸਰਕਾਰ, ਵਿਭਾਗ

(ਲੇਖਾ ਸਾਖਾ)

ਵੱਲ ਵਿਸ਼ੇ,

ਕਮਿਸ਼ਨਰ,

ਨਗਰ ਨਿਗਮ, ਪਠਾਨਕੋਟ।

ਨੰ:ਲੇਖਾਕਾਰ-6-ਉਕਵਲ-ਡਸਸ-(ਨਿਗਮ/454)-14/ 43682

ਮਿਤੀ: 7-11-14

ਵਿਸ਼ਾ:- ਨਗਰ ਨਿਗਮ, ਪਠਾਨਕੋਟ ਦਾ ਬਜਟ ਸਾਲ 2014-15 ਸੰਬਧੀ ।

*********

ਉਪਰੋਕਤ ਵਿਸੇ ਦੇ ਹਵਾਲੇ ਵਿੱਚ

ਪੰਜਾਬ ਨਗਰ ਨਿਗਮ ਐਕਟ, 1976 ਦੇ ਨਿਯਮ 87 (2) ਅਤੇ 86 (1) ਅਧੀਨ ਨਗਰ ਨਿਗਮ, ਪਠਾਨਕੋਟ ਦਾ ਬਜਟ ਅਨੁਮਾਨ ਸਾਲ 2014-15 ਹੇਠ ਦਰਸਾਈਆਂ ਸ਼ਰਤਾਂ ਅਨੁਸਾਰ ਸਕੱਤਰ, ਸਥਾਨਕ ਸਰਕਾਰ, ਪੰਜਾਬ ਜੀ ਵਲੋਂ ਪ੍ਰਵਾਨ ਕੀਤਾ ਜਾਂਦਾ ਹੈ :-

ਬਜਟ ਐਸਟੀਮੇਟ (2014-15) (ਰਕਮ ਲੱਖਾਂ ਵਿੱਚ)

| ਆਮਦਨ | ਵਿਭਾਗ ਦੀ ਤਜਵੀਜ |
|---|---|
| ਮਿਤੀ 01/04/2014 ਨੂੰ ਮੁੱਢਲਾ ਬਕਾਇਆ | 33.50 |
| ਸਾਲ 2014-15 ਲਈ ਆਮਦਨ | 3472.75 |
| ਕੁਲ | **3506.25** |
| ਖਰਚਾ | |
| ੳ) ਅਮਲਾ :- (ਸਮੇਤ ਤਨਖਾਹਾਂ, ਏਰੀਅਰ, ਪੈਨਸਨ ਕੰਟਰੀਬਿਊਸ਼ਨ ਰਿਟਾਇਰਮੈਂਟ ਲਾਭ, ਮੈਡੀਕਲ ਰਿਬਰਸਮੈਂਟ ਅਤੇ ਟੀ.ਏ/ਐਲ.ਟੀ.ਸੀ ਆਦਿ) | 2194.14 |
| ਅ) ਕੰਟੀਜੈਂਸੀ: | 84.50 |
| ੲ) ਵਿਕਾਸ ਦੇ ਕੰਮਾਂ ਲਈ: | 1192.25 |
| ਕੁਲ | **3470.89** |
| ਮਿਤੀ 31/3/2015 ਲਈ ਅੰਤਿਮ ਬਕਾਇਆ | 35.36 |
| ਕੁਲ | **3506.25** |

ਆਮਦਨ:- ਇਸ ਮੱਦ ਅਧੀਨ ਸਾਲ 2014-15 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦੀ ਕੁੱਲ ਆਮਦਨ 3472.75 ਲੱਖ ਪ੍ਰਵਾਨ ਕੀਤੀ ਜਾਂਦੀ ਹੈ:-

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਹਾਊਸ ਟੈਕਸ/ ਪ੍ਰਾਪਰਟੀ ਟੈਕਸ | 500.00 |
| ਰੇਂਟ/ਤਹਿਬਜਾਰੀ | 52.85 |
| ਆਕਸ਼ਨ ਮਨੀ | 294.00 |
| ਸੇਲ ਆਫ ਲੈਂਡ | 100.00 |
| ਲਾਇਸੰਸ ਫੀਸ ਆਦਿ | 17.00 |
| ਵਿਗਿਆਪਨ ਟੈਕਸ | 22.00 |
| ਬਿਲਡਿੰਗ ਐਪਲੀਕੇਸ਼ਨ | 71.00 |
| ਸ਼ੋਅ ਟੈਕਸ | 0.30 |
| ਬਿਜਲੀ ਤੇ ਚੂੰਗੀ | 135.00 |
| ਸੀਵਰੇਜ ਚਾਰਜਿਜ | 227.75 |
| ਮਿਸਲੇਨੀਅਸ ਆਦਿ | 1812.65 |
| ਵਾਟਰ ਸਪਲਾਈ | 240.00 |
| ਕੁਲ | 3472.55 |

ਨੋਟ: ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਾਊਸ ਟੈਕਸ/ਪ੍ਰਾਪਰਟੀ ਟੈਕਸ ਮੱਦ ਅਧੀਨ 142.32 ਲੱਖ ਰੁਪਏ ਅਤੇ ਵਾਟਰ/ਸੀਵਰੇਜ ਦਾ 293.88 ਲੱਖ ਰੁਪਏ ਦਾ ਕੁਲ ਵਸੂਲਣਯੋਗ ਬਕਾਇਆ ਸਾਲ 2014-15 ਦੌਰਾਨ ਹਰ ਹਾਲ ਵਿੱਚ ਵਸੂਲ ਕੀਤਾ ਜਾਵੇ।

ਖਰਚਾ: ਅਮਲਾ: ਇਸ ਮੱਦ ਅਧੀਨ ਨਗਰ ਨਿਗਮ, ਪਠਾਨਕੋਟ ਨੂੰ ਖਾਲੀ ਆਸਾਮੀਆਂ ਦਾ ਖਰਚਾ ਪ੍ਰਵਾਨ ਨਹੀਂ ਕੀਤਾ ਜਾਂਦਾ। ਤਨਖਾਹਾਂ / ਰਿਟਾਇਰਮੈਂਟ ਬੈਨੀਫਿਟ / ਪੈਨਸਨ ਕੰਟਰੀਬਿਊਸ਼ਨ ਅਦਾ ਕਰਨ ਲਈ 2194.14 ਲੱਖ ਰੁਪਏ ਦਾ ਖਰਚ ਪ੍ਰਵਾਨ ਕੀਤਾ ਜਾਂਦਾ ਹੈ। ਨਗਰ ਨਿਗਮ ਨੂੰ ਇਹ ਵੀ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਹੈਡ ਅਧੀਨ ਖਰਚਾ ਪ੍ਰਵਾਨਤ [illegible]

ਨੋਟ :- ਨਗਰ ਨਿਗਮ ਨੂੰ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਅਸਾਮੀ ਨੂੰ ਆਪਣੇ ਪੱਧਰ ਤੇ ਇਸ
ਪ੍ਰਵਾਨਤ ਸਕੇਲ ਤੋਂ ਵੱਧ ਸਕੇਲ ਨਾ ਦਿੱਤਾ ਜਾਵੇ ਅਤੇ ਨਾ ਹੀ ਕਿਸੇ ਪੋਸਟ ਨੂੰ ਇਸ ਵਿਭਾਗ ਤੋਂ ਪ੍ਰਵਾਨ
ਇਲਾਵਾ ਕੋਈ ਡੇਜੀਗਨੇਸ਼ਨ ਦਿੱਤਾ ਜਾਵੇ।

ਕੰਟੀਜੈਂਸੀ:- ਇਸ ਮੱਦ ਅਧੀਨ ਸਾਲ 2014-15 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ ਕੁ
84.50 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਪੈਟਰੋਲ/ਡੀਜਲ/ਰੱਖ ਰਖਾਵ | 56.00 |
| ਓ ਐਂਡ ਐਮ | 5.00 |
| ਬਿਜਲੀ ਬਿਲ | 8.00 |
| ਸਟੇਸਨਰੀ | 6.00 |
| ਕੰਪਿਊਟਰਾਈਜੇਸਨ | 2.00 |
| ਵਰਦੀਆਂ | 2.00 |
| ਟੈਲੀਫੋਨ | 2.00 |
| ਮਿਸਲੇਨੀਅਸ | 3.50 |
| ਕੁਲ ਜੋੜ | 84.50 |

ਨੋਟ:- ਕਿਸੇ ਵੀ ਸਬ ਹੈਡ ਅਧੀਨ ਖਰਚਾ ਵੱਧਣ ਦੀ ਸੂਰਤ ਵਿੱਚ ਇਸ ਦਫਤਰ ਵੱਲੋਂ ਬਜਟ ਵਿੱਚ ਸੋਧ ਕਰਵਾ
ਜਾਵੇ ਅਤੇ ਆਪਣੇ ਪੱਧਰ ਤੇ ਸਬ ਹੈਡਾਂ ਦੇ ਬਜਟ ਦੀ ਅਡਜਸਟਮੈਂਟ ਨਾ ਕੀਤੀ ਜਾਵੇ।

ਵਿਕਾਸ:- ਇਸ ਮੱਦ ਅਧੀਨ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ ਕੁਲ ਖਰਚਾ (ਕਮਿਟਡ ਅਤੇ ਨਾਨ-ਕਮਿਟ
1192.25 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ (ਕਮਿਟਡ) | ਵਿਭਾਗ ਦੀ ਪ੍ਰਵਾਨਗੀ |
|---|---|
| ਕਰਜੇ ਦੀ ਵਾਪਸੀ | 5.00 |
| ਅਦਰਜ | 22.00 |
| ਬਿਜਲੀ ਤੇ ਰੱਖ ਰਖਾਵ | 10.00 |
| ਸਟਰੀਟ ਲਾਈਟ ਦੇ ਬਿਲ | 200.00 |
| ਡਾਇਰੈਕਟੋਰੇਟ ਚਾਰਜਿਜ | 4.50 |
| ਇਲੈਕਸਨ ਚਾਰਜਿਜ | 1.75 |
| ਆਡਿਟ ਫੀਸ | 8.00 |
| ਵ/ਸ ਤੇ ਰੱਖ ਰਖਾਵ | 80.00 |
| ਟਿਊਬਵੈਲਾਂ ਦੇ ਬਿਜਲੀ ਬਿਲ | 350.00 |
| ਮਿਉਂਸਪਲ ਭਵਨ ਲਈ | 30.00 |
| ਕੁਲ ਜੋੜ | 711.25 |
| **ਹੈਡ ਦਾ ਨਾਮ (ਨਾਨ-ਕਮਿਟਡ)** | |
| ਪੁਰਾਣੀਆਂ ਨਾਲੀਆਂ | 20.00 |
| ਸੜਕਾਂ ਦੀ ਉਸਾਰੀ | 20.00 |
| ਨਵੀਂਆਂ ਗਲੀਆਂ | 20.00 |
| ਨਾਲੀਆਂ | 20.00 |
| ਸੜਕਾਂ ਦੀ ਰਿਪੇਅਰ | 20.00 |
| ਪੁਰਾਣੀਆਂ ਗਲੀਆਂ | 20.00 |
| ਸੀ.ਸੀ.ਫਲੋਰਿੰਗ | 20.00 |
| ਵਾਟਰ ਸਪਲਾਈ ਲਾਈਨਾਂ | 50.00 |
| ਨਵੀਂ ਸੀਵਰੇਜ | 30.00 |
| ਸਲਮੱਜ | 20.00 |
| ਮਸ਼ੀਨਰੀ | 30.00 |
| ਮਿਸਲੇਨੀਅਸ | 140.00 |
| ਸਟਰੀਟ ਲਾਈਟ | 61.00 |
| ਸੈਨੀਟੇਸ਼ਨ | 10.00 |
| ਕੁਲ ਜੋੜ | 481.00 |

ਮਿਤੀ 31/3/2015 ਲਈ ਅੰਤਮ ਬਕਾਇਆ ਰੁਪਏ 35.36 ਲੱਖ ਰੁਪਏ ਨਿਸਚਿਤ ਗਿਆ ਹੈ।
ਕਮਿਸ਼ਨਰ, ਨਗਰ ਨਿਗਮ, ਪਠਾਨਕੋਟ ਨੂੰ ਲਿਖਿਆ ਜਾਂਦਾ ਹੈ ਕਿ ਸਾਲ 2014-15 ਲਈ ਨਿਸਚਿਤ
ਕੀਤੀ ਗਈ ... ਵਨ ਦੇ ਟੀਚੇ ਨੂੰ ਹਰ ਹਾਲਤ ਵਿੱਚ ਪ੍ਰਾਪਤ ਕੀਤਾ ਜਾਵੇ ਅਤੇ ਪ੍ਰਵਾਨਤ ਖਰਚੇ ਨੂੰ ...
... ਕੀਤਾ ਜਾਵੇ। ਸਾਲ ਦੇ ਅੰਤ ਤੇ ...

ਸਾਲ 2014-15 ਲਈ ਮਿਥਿਆ ਗਿਆ ਆਮਦਨ ਦਾ ਟੀਚਾ ਪੂਰਾ ਕਰਨ ਲਈ ਨਗਰ ਨਿਗਮ ਦੇ ਕਮਿਸ਼ਨਰ, ਮੇਅਰ ਅਤੇ ਕਾਰਜ ਸਾਧਕ ਅਫਸਰ ਦੀ ਸਾਂਝੀ ਜ਼ੁੰਮੇਵਾਰੀ ਹੋਵੇਗੀ ।

ਨਗਰ ਨਿਗਮ ਅੰਦਰ ਪੈਂਦੀਆਂ ਸਾਰੀਆਂ ਇਮਾਰਤਾਂ ਦਾ ਹਾਊਸ ਟੈਕਸ ਅਤੇ ਹੋਰ ਤਰ੍ਹਾਂ ਦੀ ਉਗਰਾਹੀ ਲਈ ਸਰਵੇ ਤਿੰਨ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਵਾਇਆ ਜਾਵੇ ਅਤੇ ਏਰੀਅਰ ਦੀ 100% ਰਿਕਵਰੀ ਯਕੀਨੀ ਬਣਾਈ ਜਾਵੇ ।

ਅਮਲੇ ਦੇ ਖਰਚੇ ਅਤੇ ਦਫਤਰੀ ਖਰਚੇ ਨੂੰ ਹੋਰ ਘੱਟ ਕਰਨ ਸ਼ਬੰਧੀ ਉਪਰਾਲੇ ਕੀਤੇ ਜਾਣ ।

ਕਿਸੇ ਵੀ ਖਰਚੇ ਦੀ ਮੱਦ ਅਧੀਨ ਪ੍ਰਵਾਨ ਕੀਤੇ ਖਰਚੇ ਤੋਂ ਵੱਧ ਖਰਚਾ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਲਏ ਬਗੈਰ ਨਾ ਕੀਤਾ ਜਾਵੇ ਅਤੇ ਨਾ ਹੀ ਅਗਾਊਂ ਪ੍ਰਵਾਨਗੀ ਆਉਣ ਦੀ ਆਸ ਵਿੱਚ ਕੀਤਾ ਜਾਵੇ ।

5. ਕੋਈ ਨਵੀਂ ਅਸਾਮੀ/ਖਾਲੀ ਅਸਾਮੀ ਸਥਾਨਕ ਸਰਕਾਰ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਾ ਭਰੀ ਜਾਵੇ ।

6. ਇਸ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕਿਸੇ ਅਸਾਮੀ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਕਰਮਚਾਰੀ ਦਾ ਕਾਡਰ ਵੀ ਤਬਦੀਲ ਨਾ ਕੀਤਾ ਜਾਵੇ ।

7. ਕੋਈ ਵੀ ਵਹੀਕਲ ਇਸ ਦਫਤਰ ਦੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਖਰੀਦ ਨਾ ਕੀਤਾ ਜਾਵੇ ।

8. ਡੇਲੀਵੇਜਿਜ ਜਾਂ ਕੰਟਰੈਕਟ ਦੇ ਅਧਾਰ ਤੇ ਇਸ ਦਫਤਰ ਦੀ ਵਿਸੇਸ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਕੋਈ ਵੀ ਨਿਯੁਕਤੀ ਨਾ ਕੀਤੀ ਜਾਵੇ ।

9. ਕੰਟਰੈਕਟ/ਠੇਕੇ ਤੇ ਭਰਤੀ ਕਰਨ ਦੀ ਬਜਾਏ ਜਿੱਥੋਂ ਤੱਕ ਸੰਭਵ ਹੋਵੇ ਕਿਸੇ ਬਾਹਰੀ ਸੰਸਥਾ ਤੋਂ ਲੋੜੀਂਦੇ ਸਟਾਫ ਦੀਆਂ ਸੇਵਾਵਾਂ ਪ੍ਰਾਪਤ ਕੀਤੀਆਂ ਜਾਣ ਤਾਂ ਜੋ ਸਥਾਨਕ ਸੰਸਥਾ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਕਾਨੂੰਨੀ ਅੜਚਨ ਨਾ ਆਵੇ ।

10. ਚੰਡੀਗੜ੍ਹ ਵਿਖੇ ਉਸਾਰੇ ਜਾਣ ਵਾਲੇ ਮਿਊਂਸਪਲ ਭਵਨ ਲਈ ਨਗਰ ਨਿਗਮ ਦੀ ਕੁਲ ਆਮਦਨ ਦਾ 1% ਦੀ ਰਾਸੀ ਦਾ ਉਪਬੰਧ ਕੀਤਾ ਜਾਂਦਾ ਹੈ ।

11. <u>ਵਿਕਾਸ</u> : ਵਰਕਸ ਦਾ ਖਰਚਾ ਸਪਲਿਟ ਕਰਨ ਤੇ ਪਾਬੰਦੀ ਹੈ। ਹਰ ਹਾਲਤ ਵਿੱਚ ਜੋ ਪੈਸੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ, ਉਸ ਨਾਲ ਕੰਮ ਵੀ ਸਮੇਂ ਸੀਮਾਂ ਅਤੇ ਮਿਥੇ ਤਖਮੀਨੇ ਵਿੱਚ ਮੁਕੰਮਲ ਕੀਤਾ ਜਾਵੇ । ਗਰਾਂਟ ਦਾ ਖਰਚਾ ਸਕੀਮ ਵਿੱਚ ਦਰਜ ਹਦਾਇਤਾਂ ਅਨੁਸਾਰ ਕੀਤਾ ਜਾਵੇ ਅਤੇ ਵਰਤੋਂ ਸਰਟੀਫਿਕੇਟ ਮੁੱਖ ਦਫਤਰ ਵਿਖੇ ਸਬੰਧਤ ਸਾਖਾ ਨੂੰ ਸਮੇਂ-ਸਿਰ ਪੁੱਜਦਾ ਕੀਤਾ ਜਾਵੇ । ਨਿਗਮ ਵੱਲੋਂ ਹਰ ਸਾਲ ਅਪਣੀ ਪ੍ਰਬੰਧਕੀ ਰਿਪੋਰਟ ਤਿਆਰ ਕਰਕੇ ਸਮੇਂ ਸਿਰ ਸਰਕਾਰ ਨੂੰ ਭੇਜੀ ਜਾਵੇ । ਵਰਕਚਾਰਜ ਅਮਲੇ ਤੇ ਹੋਣ ਵਾਲਾ ਖਰਚਾ ਵਿਕਾਸ ਦੀ ਮੱਦ ਹੇਠ ਨਾ ਕੀਤਾ ਜਾਵੇ ਉਸ ਨੂੰ ਅਮਲੇ ਦੀ ਮੱਦ ਵਿੱਚ ਕੀਤਾ ਜਾਵੇ ।

12. ਫਾਇਰ ਬ੍ਰਿਗੇਡ ਲਈ ਲੋੜੀਂਦੇ ਡਰਾਈਵਰ ਪਾਸਕੋ ਤੋਂ ਜਾਂ ਕਿਸੇ ਬਾਹਰੀ ਸੰਸਥਾ ਤੋਂ ਲਏ ਜਾਣ ।

13. ਸਾਲ 2014-15 ਦੌਰਾਨ ਵਿਕਾਸ ਦੇ ਕੰਮਾਂ ਦੀ ਜੋ ਸੂਚੀ ਬਜਟ ਅਨੁਮਾਨ ਨਾਲ ਭੇਜੀ ਹੈ ਉਸ ਦੇ ਅਨੁਸਾਰ ਹੀ ਵਿਕਾਸ ਦੇ ਕੰਮ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇ ।

14. ਕਰਮਚਾਰੀਆਂ ਨੂੰ ਮਿਲਣ ਵਾਲੇ ਰਿਟਾਇਰਲ ਡਿਊਜ, ਜੀ.ਪੀ.ਫੰਡ ਦੀ ਅਦਾਇਗੀ, ਪੈਨਸਨ ਫੰਡ ਦੀ ਅਦਾਇਗੀ, ਹੁਡਕੋ ਅਤੇ ਐਲ.ਆਈ.ਸੀ.ਦੇ ਕਰਜਿਆਂ ਦੀ ਅਦਾਇਗੀ ਨੂੰ ਫਸਟ ਚਾਰਜ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਅਦਾਇਗੀ ਕੀਤੀ ਜਾਵੇ ।

15. ਕਰਮਚਾਰੀਆਂ ਨੂੰ ਕਰਜੇ ਦੇਣ ਦੇ ਸਬੰਧ ਵਿੱਚ ਰਾਜ ਸਰਕਾਰ ਦੁਆਰਾ ਆਪਣੇ ਕਰਮਚਾਰੀਆਂ ਲਈ ਜਾਰੀ ਕੀਤੇ ਦਿਸਾ-ਨਿਰਦੇਸਾਂ ਦੀ ਪਾਲਣਾ ਕੀਤੀ ਜਾਵੇ ।

16. ਸਹਿਰੀ ਗਰੀਬਾਂ ਨੂੰ ਮੁਢਲੀ ਸਹੂਲਤਾਂ ਦੇਣ ਸਬੰਧੀ ਉਪਰਾਲੇ ਕੀਤੇ ਜਾਣ ।

17. ਸਾਲ 2014-15 ਦੇ ਪ੍ਰਵਾਨ ਕੀਤੇ ਬਜਟ/ਆਮਦਨ ਦਾ 1% ਨਗਰ ਨਿਗਮ ਦੇ ਵਿਕਾਸ ਦੇ ਫੰਡ ਵਿੱਚੋਂ ਸਹਿਰ ਦੀ ਹਰਿਆਵਲੀ/ਗਰੀਨਰੀ ਲਈ ਵਰਤਿਆ ਜਾਵੇ ।

18. ਸਥਾਨਕ ਸੰਸਥਾ ਦੇ ਦਫਤਰ ਵਿੱਚ ਕੰਪਿਊਟਰਾਈਜੇਸਨ ਕਰਨ ਲਈ ਬਜਟ ਦੇ ਫੰਡਾਂ ਵਿੱਚੋਂ ਆਪ ਦੇ ਅਧਿਕਾਰੀਆਂ / ਕਰਮਚਾਰੀਆਂ ਨੂੰ ਕੰਪਿਊਟਰ ਟਰੇਨਿੰਗ ਆਪਣੇ ਪੱਧਰ ਤੇ ਕਰਵਾਈ ਜਾਵੇ ਅਤੇ ਸਾਰੀਆਂ ਬਰਾਂਚਾਂ ਦੀ ਨੈਟ-ਵਰਕਿੰਗ ਕਰਕੇ ਕੰਪਿਊਟਰਾਈਜੇਸਨ ਹਰ ਹਾਲਤ ਵਿੱਚ ਕੀਤੀ ਜਾਵੇ ।

19. ਕਿਸੇ ਵੀ ਸਥਾਨਕ ਸੰਸਥਾ ਦੇ ਸਬੰਧ ਵਿੱਚ ਆਡਿਟ ਵੱਲੋਂ ਜੋ ਇਤਰਾਜ ਲਗਾਏ ਜਾਂਦੇ ਹਨ ਉਨ੍ਹਾਂ ਦਾ ਉੱਤਰ ਆਡਿਟ ਨੋਟ ਵਿੱਚ ਦਰਸਾਏ ਅਨੁਸਾਰ ਸਮੇਂ ਸਿਰ ਸਾਰੇ ਪੈਰ੍ਹੇ ਨਾਲ-ਨਾਲ ਸੈਟਲ ਕਰਵਾਏ ਜਾਣ ।

ਉਪ-ਕੰਟਰੋਲਰ (ਵਿੱਤ ਤੇ ਲੇਖਾ)

ਪਿੱਠ ਅੰਕਣ ਨੰ: ਲੇਖਾਕਾਰ-6-ਉਕਵਲ-ਫਸਸ-(ਨਿਗਮ/454)-14 ਮਿਤੀ:

ਉਪਰੋਕਤ ਦਾ ਇੱਕ ਉਤਾਰਾ ਸੁਪਰਡੰਟ, ਸਥਾਨਕ ਸਰਕਾਰ ਸਾਖਾ-1 ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

ਉਪ-ਕੰਟਰੋਲਰ (ਵਿੱਤ ਤੇ ਲੇਖਾ)